ਨੰ : ਸੀ.ਸਹਾਇਕ (ਅਮਲਾ)/ਆਰ.ਟੀ.ਆਈ.ਅਪੀਲ/ਸੰ:ਰ:ਜ:/988 ਮਿਤੀ : 11-11-2020
ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਸੇਵਾ ਵਿਖੇ,

ਰਜਿਸਟਰਾਰ,
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ੍ਹ।

ਵਿਸ਼ਾ :- ਆਰ.ਟੀ.ਆਈ.ਐਕਟ-2005 ਤਹਿਤ ਦਾਇਰ ਕੀਤੀ ਗਈ ਅਪੀਲ ਦਾ ਫੈਸਲਾ ਆੱਨ-ਲਾਈਨ ਕਰਨ ਬਾਰੇ।

ਯਾਦ ਪੱਤਰ :

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਬੇਨਤੀ ਸਹਿਤ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਪਰਮਜੀਤ ਸਿੰਘ ਪੁੱਤਰ ਸ੍ਰੀ ਜੋਗਿੰਦਰ ਸਿੰਘ, ਪਿੰਡ ਚੱਕ ਗੁਰੂ, ਡਾਕ: ਸਮੁੰਦੜਾ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਰਾਹੀਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ ਸੀ। ਇਸ ਅਪੀਲ ਦਾ ਫੈਸਲਾ ਇਸ ਅਦਾਲਤ ਵਲੋਂ ਮਿਤੀ : 28.10.2020 ਨੂੰ ਕਰ ਦਿੱਤਾ ਗਿਆ ਹੈ।

ਡਾਇਰੈਕਟੋਰੇਟ, ਪ੍ਰਸ਼ਾਸਨਿਕ ਸੁਧਾਰ, ਪੰਜਾਬ (ਆਰ.ਟੀ.ਆਈ.ਨੋਡਲ ਸੈਲ-ਪੰਜਾਬ ਸਿਵਲ ਸਕੱਤਰੇਤ-2) ਸੈਕਟਰ-9, ਚੰਡੀਗੜ੍ਹ ਜੀ ਵਲੋਂ ਜਾਰੀ ਪੱਤਰ ਨੰ : ਅੰ.ਵਿ ਪੱ ਨੰ: 51/8/2014/2 ਆਰ.ਟੀ.ਆਈ.ਐਨ.ਸੀ./ 162, ਮਿਤੀ : 29.06.2015, ਜੋ ਮੁੱਖ-ਦਫਤਰ ਦੇ ਪਿੱਠ ਅੰਕਣ ਨੰ : ਅਮਲਾ/ ਅਸਗ-2/ ਆਰ.ਟੀ.ਆਈ./ 7698, ਮਿਤੀ : 29.06.2015 ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਇਆ, ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਪਰਮਜੀਤ ਸਿੰਘ (ਅਪੀਲਕਰਤਾ) ਵਲੋਂ ਦਾਇਰ ਕੀਤੀ ਗਈ ਅਪੀਲ ਅਤੇ ਇਸ ਅਦਾਲਤ ਵਲੋਂ ਕੀਤੇ ਗਏ ਫੈਸਲਾ ਮਿਤੀ : 28.10.2020 ਦੀ ਤਸਦੀਕਸ਼ੁਦਾ ਕਾਪੀ ਇਸ ਪੱਤਰ ਨਾਲ ਨੱਥੀ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਹ ਦਸਤਾਵੇਜ਼ ਵਿਭਾਗ ਦੀ ਵੈਬ-ਸਾਈਟ ਤੇ ਆੱਨ-ਲਾਈਨ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।

ਸਹਿਪੱਤਰ/ ਉਪਰੋਕਤ ਅਨੁਸਾਰ।

ਸੰਯੁਕਤ ਰਜਿਸਟਰਾਰ
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਨੰ : ਸੀ.ਸਹਾਇਕ (ਅਮਲਾ)/ ਸੰ:ਰ:ਜ:/ 5061-62 ਮਿਤੀ : 11-11-2020
ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਵੱਲ,

1. ਸ੍ਰੀ ਪਰਮਜੀਤ ਸਿੰਘ ਪੁੱਤਰ ਸ੍ਰੀ ਜੋਗਿੰਦਰ ਸਿੰਘ,
ਪਿੰਡ ਚੱਕ ਗੁਰੂ, ਡਾਕ: ਸਮੁੰਦੜਾ,
ਤਹਿਸੀਲ ਗੜਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ।
2. ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ),
ਸਹਿਕਾਰੀ ਸਭਾਵਾਂ, ਹੁਸ਼ਿਆਰਪੁਰ।

ਵਿਸ਼ਾ :- ਰਾਈਟ ਟੂ ਇਨਫਰਮੇਸ਼ਨ ਐਕਟ-2005 ਦੇ ਸੈਕਸ਼ਨ 19 ਤਹਿਤ ਅਪੀਲ (ਵਲੋਂ ਸ੍ਰੀ ਪਰਮਜੀਤ ਸਿੰਘ)।

ਹਾਜਰੀ ਮਿਤੀ : 28.10.2020 :

ਸ੍ਰੀ ਭਾਰਤ ਭੂਸ਼ਨ, ਸੀਨੀਅਰ ਸਹਾਇਕ
ਦਫਤਰ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ)
ਸਹਿਕਾਰੀ ਸਭਾਵਾਂ ਹੁਸ਼ਿਆਰਪੁਰ।

ਹੁੱਕਮ :

ਮਿਸਲ ਸੁਣਵਾਈ ਲਈ ਪੇਸ਼ ਹੋਈ। ਅਪੀਲਕਰਤਾ ਵਲੋਂ ਦਰਖਾਸਤ ਮਿਤੀ : 24.09.2020 ਰਾਹੀਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਹੁਸ਼ਿਆਰਪੁਰ ਪਾਸੋਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਪਾਸ ਅਪੀਲ ਦਾਇਰ ਕੀਤੀ ਗਈ। ਅਪੀਲ ਅਨੁਸਾਰ ਪ੍ਰਾਰਥੀ ਵਲੋਂ ਦਰਖਾਸਤ ਮਿਤੀ : 22.07.2020 ਰਾਹੀਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਦੀ ਧਮਾਈ ਬਹੁਮੰਤਵੀ ਸਹਿਕਾਰੀ ਸਭਾ ਲਿਮ: ਧਮਾਈ, ਤਹਿਸੀਲ ਗੜਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਾਰੇ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਹੁਸ਼ਿਆਰਪੁਰ ਪਾਸੋਂ ਸੂਚਨਾ ਲੈਣ ਲਈ ਅਪਲਾਈ ਕੀਤਾ ਗਿਆ ਸੀ। ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਉਸਨੂੰ ਸਪਲਾਈ ਨਹੀਂ ਕੀਤੀ ਗਈ। ਪ੍ਰਾਰਥੀ ਵਲੋਂ ਅਪੀਲ ਰਾਹੀਂ ਉਸ ਵਲੋਂ ਮੰਗੀ ਗਈ ਸੂਚਨਾ ਸਪਲਾਈ ਕਰਵਾਉਣ ਵਾਸਤੇ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਹੁਸ਼ਿਆਰਪੁਰ ਨੂੰ ਹਦਾਇਤ ਜਾਰੀ ਕਰਨ ਲਈ ਬੇਨਤੀ ਕੀਤੀ ਗਈ।

ਦੋਵਾਂ ਧਿਰਾਂ ਨੂੰ ਸੁਣਵਾਈ ਲਈ ਨੋਟਿਸ ਜਾਰੀ ਕੀਤਾ ਗਿਆ ਅਤੇ ਵੱਖ-ਵੱਖ ਮਿਤੀਆਂ ਨੂੰ ਅਪੀਲ ਦੀ ਸੁਣਵਾਈ ਕੀਤੀ ਗਈ।

ਮਿਤੀ : 28.10.2020 ਨੂੰ ਅਪੀਲ ਦੀ ਸੁਣਵਾਈ ਦੌਰਾਨ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਹੁਸ਼ਿਆਰਪੁਰ ਦਫਤਰ ਵਲੋਂ ਸ੍ਰੀ ਭਾਰਤ ਭੂਸ਼ਨ, ਸੀਨੀਅਰ ਸਹਾਇਕ ਹਾਜਰ ਆਇਆ ਅਤੇ ਉਸ ਵਲੋਂ ਦਫਤਰ ਵਲੋਂ ਜਾਰੀ ਪੱਤਰ ਨੰ : ਸੁਪਰਡੈਂਟ/ ਡੀ.ਆਰ.ਐਚ./ 536, ਮਿਤੀ : 27.10.2020

........2.......

ਪੇਸ਼ ਕੀਤਾ ਗਿਆ, ਜਿਸ ਅਨੁਸਾਰ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਸਪਲਾਈ ਕਰਨ ਵਾਸਤੇ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਹੁਸ਼ਿਆਰਪੁਰ ਵਲੋਂ ਉਨ੍ਹਾਂ ਦੇ ਪੱਤਰ ਨੰ : ਸੁਪਰਡੈਂਟ/ ਡੀ.ਆਰ.ਐਚ./ 2525, ਮਿਤੀ :27.07.2020 ਰਾਹੀਂ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਗੜ੍ਹਸ਼ੰਕਰ ਨੂੰ ਲਿਖਿਆ ਗਿਆ। ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਗੜ੍ਹਸ਼ੰਕਰ ਦਫਤਰ ਵਲੋਂ ਤਿਆਰ ਕਰਨ ਉਪਰੰਤ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਹੁਸ਼ਿਆਰਪੁਰ ਵਲੋਂ ਉਨ੍ਹਾਂ ਦੇ ਪੱਤਰ ਨੰ : ਸੁਪਰਡੈਂਟ/ ਡੀ.ਆਰ.ਐਚ./ 2907, ਮਿਤੀ : 01.09.2020 ਰਾਹੀਂ ਪ੍ਰਾਰਥੀ ਨੂੰ ਇਹ ਸੂਚਨਾ ਦਫਤਰੀ ਸਮੇਂ ਵਿੱਚ ਹਾਜਰ ਆ ਕੇ ਅਤੇ ਬਣਦੀ ਫੀਸ ਜਮਾਂ ਕਰਵਾ ਕੇ ਸੂਚਨਾ ਪ੍ਰਾਪਤ ਕਰਨ ਲਈ ਲਿਖਿਆ ਗਿਆ, ਪਰੰਤੂ ਪ੍ਰਾਰਥੀ ਸੂਚਨਾ ਪ੍ਰਾਪਤ ਕਰਨ ਲਈ ਨਹੀਂ ਆਇਆ ਅਤੇ ਨਾ ਹੀ ਉਸ ਵਲੋਂ ਬਣਦੀ ਫੀਸ ਜਮਾਂ ਕਰਾਉਣ ਜਾਂ ਡਾਕ ਰਾਹੀਂ ਸੂਚਨਾ ਭੇਜਣ ਬਾਰੇ ਦਫਤਰ ਨੂੰ ਸੂਚਿਤ ਕੀਤਾ ਗਿਆ। ਇਸ ਤੋਂ ਬਾਦ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਹੁਸ਼ਿਆਰਪੁਰ ਦੇ ਪੱਤਰ ਨੰ : 3825, ਮਿਤੀ : 23.10.2020 ਰਾਹੀਂ ਪ੍ਰਾਰਥੀ ਨੂੰ ਫਿਰ ਲਿਖਿਆ ਗਿਆ ਕਿ ਅਗਰ ਉਹ ਇਹ ਸੂਚਨਾ ਪ੍ਰਾਪਤ ਕਰਨੀ ਚਾਹੁੰਦਾ ਹੈ ਤਾਂ ਬਣਦੀ ਸਰਕਾਰੀ ਫੀਸ ਜਮਾਂ ਕਰਵਾ ਕੇ ਅਤੇ ਡਾਕ ਰਾਹੀਂ ਸੂਚਨਾ ਭੇਜਣ ਦਾ ਖਰਚਾ ਦਫਤਰ ਨੂੰ ਭੇਜੇ ਤਾਂ ਜੋ ਉਸ ਵਲੋਂ ਮੰਗੀ ਗਈ ਸੂਚਨਾ ਸਪਲਾਈ ਕੀਤੀ ਜਾ ਸਕੇ। ਪ੍ਰਾਰਥੀ ਵਲੋਂ ਟੈਲੀਫੋਨ ਰਾਹੀਂ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਹੁਸ਼ਿਆਰਪੁਰ ਦਫਤਰ ਨੂੰ ਸੂਚਿਤ ਕੀਤਾ ਗਿਆ ਕਿ ਉਹ ਪ੍ਰਾਈਵੇਟ ਕੰਪਨੀ ਵਿੱਚ ਕੰਮ ਕਰਦਾ ਹੈ ਅਤੇ ਸੂਚਨਾ ਲੈਣ ਨਹੀਂ ਆ ਸਕਦਾ। ਉਸ ਵਲੋਂ ਸਰਕਾਰੀ ਫੀਸ ਮੁਬਲਗ 10/-ਰੁਪੈ ਅਤੇ ਡਾਕ ਦਾ ਖਰਚਾ ਮਿਤੀ : 26.10.2020 ਨੂੰ ਦਫਤਰ ਨੂੰ ਭੇਜ ਦਿੱਤਾ ਗਿਆ ਹੈ।

ਉਪਰੋਕਤ ਨੂੰ ਮੁੱਖ ਰੱਖਦੇ ਹੋਏ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਹੁਸ਼ਿਆਰਪੁਰ ਵਲੋਂ ਉਨ੍ਹਾਂ ਦੇ ਪੱਤਰ ਨੰ : ਸੁਪਰਡੈਂਟ/ ਡੀ.ਆਰ.ਐਚ./ 3829, ਮਿਤੀ : 26.10.2020 ਰਾਹੀਂ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਰਜਿਸਟਰਡ ਡਾਕ ਰਾਹੀਂ ਉਸਨੂੰ ਭੇਜ ਦਿੱਤੀ ਗਈ। ਮਿਤੀ : 28.10.2020 ਨੂੰ ਅਪੀਲ ਦੀ ਸੁਣਵਾਈ ਦੌਰਾਨ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਹੁਸ਼ਿਆਰਪੁਰ ਦਫਤਰ ਵਲੋਂ ਆਏ ਕਰਮਚਾਰੀ ਵਲੋਂ ਰਜਿਸਟਰਡ ਡਾਕ ਦੀ ਰਸੀਦ ਪੇਸ਼ ਕੀਤੀ ਗਈ।

ਕਿਉਂ ਜੋ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਹੁਸ਼ਿਆਰਪੁਰ ਵਲੋਂ ਪ੍ਰਾਰਥੀ ਨੂੰ ਸਪਲਾਈ ਕੀਤੀ ਜਾ ਚੁੱਕੀ ਹੈ। ਇਸ ਲਈ ਇਹ ਅਪੀਲ ਡਿਸਪੋਜ਼ ਆਫ (dispose off )ਕੀਤੀ ਜਾਂਦੀ ਹੈ।

ਇਸ ਅਦਾਲਤ ਵਲੋਂ ਕੀਤੇ ਗਏ ਫੈਸਲੇ ਨਾਲ ਅਪੀਲਕਰਤਾ ਅਗਰ ਸੰਤੁਸ਼ਟ ਨਾ ਹੋਵੇ ਤਾਂ ਉਹ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਮਾਨਯੋਗ ਸਟੇਟ ਇਨਫਰਮੇਸ਼ਨ ਕਮਿਸ਼ਨ, ਪੰਜਾਬ, ਚੰਡੀਗੜ ਜੀ ਪਾਸ ਦੂਸਰੀ ਅਪੀਲ ਦਾਇਰ ਕਰ ਸਕਦਾ ਹੈ।

ਮਿਤੀ : 28.10.2020.

(ਐਪੀਲਾਂਟ ਅਥਾਰਟੀ)
ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।